# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।

ਵੱਲ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)।
2. ਰਾਜ ਦੇ ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ।
3. ਰਾਜ ਦੇ ਸਮੂਹ ਜ਼ਿਲ੍ਹਾ ਮੈਥ ਕੋਆਰਡੀਨੇਟਰਜ਼।
4. ਰਾਜ ਦੇ ਸਮੂਹ ਡੀ.ਆਰ.ਪੀ.(ਟੈਕਸਟ ਬੁੱਕਸ)
5. ਰਾਜ ਦੇ ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)।

ਮੀਮੋ ਨੰ:ਸਸਅ/ਐਮਸੀ/2011/82337-82417
ਮਿਤੀ,ਚੰਡੀਗੜ੍ਹ 26-08-2011

ਵਿਸ਼ਾ :- ਪੰਜਾਬ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਮੈਥ ਵਿਸ਼ੇ ਦੇ ਜਮਾਤ ਛੇਵੀਂ ਤੋ ਅੱਠਵੀਂ ਤੱਕ ਦੇ ਫਲੈਸ਼ ਕਾਰਡ ਦੇਣ ਸਬੰਧੀ।

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਆਪ ਜੀ ਨੂੰ ਜਾਣ ਕੇ ਖੁਸ਼ੀ ਹੋਵੇਗੀ ਕਿ ਸਿੱਖਿਆ ਵਿਭਾਗ ਵੱਲੋਂ ਸਿੱਖਿਆ ਦੇ ਮਿਆਰ ਉਚਾ ਚੁੱਕਣ ਲਈ ਚੁੱਕੇ ਜਾ ਰਹੇ ਕਦਮਾਂ ਅਤੇ ਫੀਲਡ ਵਿੱਚੋਂ ਆਏ ਸੁਝਾਵਾਂ ਨੂੰ ਮੱਦੇ ਨਜ਼ਰ ਰੱਖਦੇ ਹੋਏ ਪਹਿਲੀ ਵਾਰ ਮੈਥ ਵਿਸ਼ੇ ਵਿੱਚ ਗੁਣਾਤਮਕ ਸੁਧਾਰ ਲਿਆਉਣ ਲਈ ਪੰਜਾਬ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਮੈਥ ਵਿਸ਼ੇ ਦੇ ਜਮਾਤ ਛੇਵੀਂ ਤੋਂ ਅੱਠਵੀਂ ਤੱਕ ਦੇ ਫਲੈਸ਼ ਕਾਰਡ ਤਿਆਰ ਕੀਤੇ ਗਏ ਹਨ ਜਿਸ ਦੀ 250 ਕਾਰਡਾਂ ਦੀ ਇੱਕ ਕਿੱਟ-ਕਿੱਟ ਸਮੂਹ ਸਰਕਾਰੀ ਸਕੂਲਾਂ ਵਿੱਚ ਦੇਣ ਲਈ ਜ਼ਿਲ੍ਹਾ ਹੈੱਡ ਕੁਆਰਟਰਾਂ ਵਿੱਚ ਪਹੁੰਚ ਚੁੱਕੀ ਹੈ।

3.0 ਆਪ ਨੂੰ ਲਿਖਿਆ ਜਾਂਦਾ ਹੈ ਕਿ ਸਮੂਹ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਉਪਰੋਕਤ ਕਿੱਟ ਦੀ ਬਕਾਇਦਾ ਸਟਾਕ ਐਂਟਰੀ ਕੀਤੀ ਜਾਵੇ ਅਤੇ ਜੇਕਰ ਕਿਸੇ ਸੂਰਤ ਵਿੱਚ ਇਹ ਕਿੱਟ ਨਹੀਂ ਪਹੁੰਚੀ ਤਾਂ ਸਬੰਧਤ ਬੀ.ਆਰ.ਪੀ.ਨਾਲ ਸੰਪਰਕ ਕਰਕੇ ਪ੍ਰਾਪਤ ਕਰ ਲਈ ਜਾਵੇ।

4.0 ਉਪਰੋਕਤ ਸਬੰਧੀ ਇਹ ਯਕੀਨੀ ਬਣਾਇਆ ਜਾਵੇ ਕਿ ਸਮੂਹ ਗਣਿਤ ਅਧਿਆਪਕ, ਵਿਦਿਆਰਥੀਆਂ ਵਿੱਚ ਗਣਿਤ ਵਿਸ਼ੇ ਪ੍ਰਤੀ ਰੁਚੀ ਪੈਦਾ ਕਰਨ ਅਤੇ ਸਮਝਣ ਵਿੱਚ ਸਰਲਤਾ ਲਿਆਉਣ ਲਈ ਪਾਠਕ੍ਰਮ ਦੇ ਅਨੁਸਾਰ ਇਨ੍ਹਾਂ ਫਲੈਸ਼ ਕਾਰਡਾਂ ਦੀ ਵਰਤੋਂ ਕੀਤੀ ਜਾਵੇ।

5.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ,ਚੰਡੀਗੜ੍ਹ